# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 13-09-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਮਿਜ਼ੋਰਮ ਦੇ ਆਈਜ਼ੌਲ ਵਿਖੇ ਨੌਂ ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਵਰਚੁਅਲ ਨੀਂਹ ਪੱਥਰ ਰੱਖਿਆ ਅਤੇ ਉਦਘਾਟਨ ਕੀਤਾ। ਇਹ ਪ੍ਰੋਜੈਕਟ ਰੇਲਵੇ, ਸੜਕੀ ਮਾਰਗ, ਊਰਜਾ, ਖੇਡਾਂ ਸਮੇਤ ਕਈ ਖੇਤਰਾਂ ਨਾਲ ਸਬੰਧਤ ਨੇ. ਸ਼੍ਰੀ ਮੋਦੀ ਨੇ ਅੱਠ ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਬੈਰਾਬੀ-ਸੈਰੰਗ ਨਵੀਂ ਰੇਲ ਲਾਈਨ ਦਾ ਉਦਘਾਟਨ ਕੀਤਾ, ਜੋ ਕਿ ਮਿਜ਼ੋਰਮ ਦੀ ਰਾਜਧਾਨੀ ਨੂੰ ਪਹਿਲੀ ਵਾਰ ਭਾਰਤੀ ਰੇਲਵੇ ਨੈੱਟਵਰਕ ਨਾਲ ਜੋੜਦੀ ਏ। ਮਿਜ਼ੋਰਮ ਅਤੇ ਦੇਸ਼ ਦੇ ਬਾਕੀ ਹਿੱਸਿਆਂ ਵਿਚਕਾ ਸਿਧਾ ਰੇਲ ਸੰਪਰਕ ਖੇਤਰ ਦੇ ਲੋਕਾਂ ਨੂੰ ਸੁਰੱਖਿਅਤ, ਕੁਸ਼ਲ ਅਤੇ ਲਾਗਤ-ਪ੍ਰਭਾਵਸ਼ਾਲੀ ਯਾਤਰਾ ਵਿਕਲਪ ਪ੍ਰਦਾਨ ਕਰੇਗੀ। ਇਸ ਮੌਕੇ ਬੋਲਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ, ਅੱਜ ਦੇਸ਼ ਲਈ, ਖਾਸ ਕਰਕੇ ਮਿਜ਼ੋਰਮ ਦੇ ਲੋਕਾਂ ਲਈ ਇੱਕ ਇਤਿਹਾਸਕ ਦਿਨ ਏ। ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਜ਼ੋਰ

ਦਿੱਤਾ ਕਿ ਇਹ ਵਿਕਾਸ ਕਈ ਖੇਤਰਾਂ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕਰੇਗਾ-

BYTE

ਇਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨੇ ਤਿੰਨ ਨਵੀਆਂ ਐਕਸਪ੍ਰੈਸ ਰੇਲ ਗੱਡੀਆਂ ਨੂੰ ਵੀ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ

---------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਰਾਜ ਮੰਤਰੀ ਐਲ. ਮੁਰੂਗਨ ਅੱਜ ਰੂਪਨਗਰ ਜ਼ਿਲ੍ਹੇ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਪੰਜਾਬ ਦਾ ਦੌਰਾ ਕਰ ਰਹੇ ਨੇ. ਸਮੀਖਿਆ ਮੀਟਿੰਗ ਕਰਨ ਤੋਂ ਪਹਿਲਾਂ, ਉਹ ਸਤਲੁਜ ਦਰਿਆ ਨੇੜੇ, ਪ੍ਰਭਾਵਿਤ ਪਿੰਡਾਂ ਦਾ ਦੌਰਾ ਕਰਨਗੇ ਤੇ ਹੜ੍ਹ ਪੀੜਤਾਂ ਨਾਲ ਮੁਲਾਕਾਤ ਕਰਨਗੇ । ਇਸ ਦੌਰਾਨ ਖਪਤਕਾਰ ਮਾਮਲਿਆਂ, ਖੁਰਾਕ ਤੇ ਜਨਤਕ ਵੰਡ ਬਾਰੇ ਰਾਜ ਮੰਤਰੀ ਬਨਵਾਰੀ ਲਾਲ ਵਰਮਾ ਤੇ ਕਿਰਤ ਤੇ ਰੁਜ਼ਗਾਰ ਰਾਜ ਮੰਤਰੀ ਸ਼ੋਭਾ ਕਰੰਦਲਾਜੇ ਨੇ ਕੱਲ੍ਹ ਗੁਰਦਾਸਪੁਰ ਤੇ ਲੁਧਿਆਣਾ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਦੌਰਾ ਕੀਤਾ। ਉਨ੍ਹਾਂ ਪ੍ਰਧਾਨ ਮੰਤਰੀ ਦੇ ਇਸ ਅਹਿਦ ਨੂੰ ਦੁਹਰਾਇਆ ਕਿ ਕੇਂਦਰ ਇਸ ਸੰਕਟ ਦੀ ਘੜੀ ਵਿਚ ਪੰਜਾਬ ਦੇ ਨਾਲ ਖੜ੍ਹਾ ਏ ਤੇ ਇਸ ਖੇਤੀਬਾੜੀ ਪ੍ਰਧਾਨ ਸੂਬੇ ਨੂੰ ਮੁੜ ਲੀਹ 'ਤੇ ਲਿਆਉਣ ਲਈ ਹਰ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਦਿੱਤੇ ਗਏ 1600 ਕਰੋੜ

ਰੁਪਏ ਦੇ ਰਾਹਤ ਪੈਕੇਜ ਤੋਂ ਇਲਾਵਾ, ਪੂਰੀ ਮੁਲੰਕਣ ਰਿਪੋਰਟ ਪ੍ਰਾਪਤ ਹੋਣ ਤੋਂ ਬਾਅਦ ਸੂਬੇ ਨੂੰ ਹੋਰ ਫੰਡ ਵੀ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਸਟੇਟ ਡਿਜ਼ਾਸਟਰ ਰਿਸਪਾਂਸ ਫੰਡ (SDRF) ਤਹਿਤ 12,000 ਕਰੋੜ ਰੁਪਏ ਪਹਿਲਾਂ ਹੀ ਪੰਜਾਬ ਕੋਲ ਪਏ ਹਨ।

BYTE

ਹੜ੍ਹਾਂ ਕਾਰਨ ਕਰਤਾਰਪੁਰ ਲਾਂਘੇ ਨੂੰ ਹੋਏ ਨੁਕਸਾਨ ਦੇ ਮੁੱਦੇ 'ਤੇ, ਸ਼੍ਰੀਮਤੀ ਕਰੰਦਲਾਜੇ ਨੇ ਭਰੋਸਾ ਦਿੱਤਾ ਕਿ ਇਸ ਦੀ ਮੁਰੰਮਤ ਕੇਂਦਰ ਸਰਕਾਰ ਵਲੋਂ ਕੀਤੀ ਜਾਏਗੀ।

--------------------------------------------------------------

ਮੀਂਹ ਘੱਟ ਹੋਣ ਤੇ ਦਰਿਆਵਾਂ ਵਿਚ ਪਾਣੀ ਦਾ ਪੱਧਰ ਘਟਣ ਨਾਲ ਪੰਜਾਬ ਨੂੰ ਹੜ੍ਹਾਂ ਦੇ ਕਹਿਰ ਤੋਂ ਕਾਫ਼ੀ ਰਾਹਤ ਮਿਲਣੀ ਸ਼ੁਰੂ ਹੋ ਗਈ ਏ। ਤਾਜ਼ਾ ਹੜ੍ਹ ਰਿਪੋਰਟ ਇਸ ਗੱਲ ਦੀ ਪੁਸ਼ਟੀ ਕਰਦੀ ਏ ਕਿ ਪਿਛਲੇ 24 ਘੰਟਿਆਂ ਦੌਰਾਨ ਕੋਈ ਵਾਧੂ ਜਾਨੀ ਨੁਕਸਾਨ ਨਹੀਂ ਹੋਇਆ ਤੇ ਨਾ ਹੀ ਕੋਈ ਹੋਰ ਫਸਲੀ ਖੇਤਰ ਨੂੰ ਨੁਕਸਾਨ ਪਹੁੰਚਿਆ ਏ। ਇਸ ਬਾਰੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਉਤਸ਼ਾਹਜਨਕ ਗੱਲ ਇਹ ਏ ਕਿ ਰਾਹਤ ਕੈਂਪਾਂ ਵਿਚ ਪਨਾਹ ਲੈਣ ਵਾਲੇ ਲੋਕ ਲਗਾਤਾਰ ਆਪਣੇ ਘਰਾਂ ਨੂੰ ਵਾਪਸ ਜਾ ਰਹੇ ਨੇ, ਜਿਸ ਦੇ ਨਤੀਜੇ ਵਜੋਂ 11 ਸਤੰਬਰ ਨੂੰ ਚੱਲ ਰਹੇ ਕੈਂਪਾਂ ਦੀ ਗਿਣਤੀ 111 ਤੋਂ ਘੱਟ

ਕੇ 12 ਸਤੰਬਰ ਨੂੰ 100 ਹੋ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਜਿਵੇਂ-ਜਿਵੇਂ ਪਾਣੀ ਹੋਰ ਘਟਦਾ ਜਾਵੇਗਾ,ਆਉਣ ਵਾਲੇ ਦਿਨਾਂ ਵਿਚ ਪਸ਼ੂਆਂ ਤੇ ਬੁਨਿਆਦੀ ਢਾਂਚੇ ਦੇ ਅਸਲ ਨੁਕਸਾਨ ਦਾ ਪਤਾ ਲਗਾਇਆ ਜਾਵੇਗਾ।

--------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅਜਨਾਲਾ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਮਹੱਤਵਪੂਰਨ ਤੇ ਨਿਰਵਿਘਨ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸਰਕਾਰੀ ਮੈਡੀਕਲ ਕਾਲਜ ਅੰਮ੍ਰਿਤਸਰ ਤੋਂ 15 ਨਵੀਆਂ ਐਂਬੂਲੈਂਸਾਂ ਨੂੰ ਰਵਾਨਾ ਕੀਤਾ। ਇਸ ਤਾਇਨਾਤੀ ਨਾਲ ਮੋਬਾਈਲ ਮੈਡੀਕਲ ਯੂਨਿਟਾਂ ਦੀ ਕੁੱਲ ਗਿਣਤੀ 38 ਹੋ ਗਈ ਏ। ਉਹਨਾਂ ਗੁਰੂ ਨਾਨਕ ਦੇਵ ਹਸਪਤਾਲ ਵਿਖੇ ਅੱਠ ਸਾਲਾ ਗੁਰਦੇ ਦੀ ਬਿਮਾਰੀ ਦੇ ਮਰੀਜ਼ ਅਭਿਜੋਤ ਸਿੰਘ ਨਾਲ ਵੀ ਮੁਲਾਕਾਤ ਕੀਤੀ ਤੇ ਉਸ ਦੇ ਪਰਿਵਾਰ ਨੂੰ 50,000 ਰੁਪਏ ਦਾ ਚੈੱਕ ਭੇਟ ਕੀਤਾ। ਮੰਤਰੀ ਨੇ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਰਾਜ ਸਰਕਾਰ ਅਭਿਜੋਤ ਦੇ ਇਲਾਜ ਦੇ ਸਾਰੇ ਖਰਚਿਆਂ ਨੂੰ ਪੂਰਾ ਕਰੇਗੀ ਤੇ ਉਨ੍ਹਾਂ ਦੇ ਹੜ੍ਹ ਨਾਲ ਹੋਏ ਨੁਕਸਾਨ ਲਈ ਮੁਆਵਜ਼ਾ ਦੇਵੇਗੀ। ਬਾਅਦ ਵਿੱਚ, ਡਾ. ਸਿੰਘ ਨੇ ਅਜਨਾਲਾ ਦੇ ਪਿੰਡ ਕੋਟ ਗੁਰਬਖਸ਼ ਦਾ ਦੌਰਾ ਕੀਤਾ ਤੇ ਹੜ੍ਹ ਪ੍ਰਭਾਵਿਤ ਪਰਿਵਾਰਾਂ ਨੂੰ 50,000 ਰੁਪਏ ਦੇ ਚੈੱਕ ਵੰਡੇ।

---

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਸਾਉਣੀ ਦੀ ਰੁੱਤ ਲਈ ਸੁਚਾਰੂ ਤੇ ਕੁਸ਼ਲ ਖਰੀਦ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਕੀਤੇ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਮੰਡੀਆਂ ਤੋਂ ਝੋਨੇ ਦਾ ਇਕ-ਇਕ ਦਾਣਾ ਖਰੀਦਣ ਲਈ ਪੂਰੀ ਤਰ੍ਹਾਂ ਤਿਆਰ ਏ । ਉਹਨਾਂ ਜ਼ਿਲ੍ਹਾ ਮੰਡੀ ਅਧਿਕਾਰੀਆਂ ਨਾਲ ਇਕ ਮੀਟਿੰਗ ਵਿਚ ਹਦਾਇਤ ਕੀਤੀ ਕਿ ਸਾਰੀਆਂ 1,822 ਮੰਡੀਆਂ ਤੇ ਖਰੀਦ ਕੇਂਦਰਾਂ ਚ ਇਹ ਯਕੀਨੀ ਬਣਾਇਆ ਜਾਵੇ ਕਿ ਉਹ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਤੇ ਵਪਾਰੀਆਂ ਲਈ ਝੋਨੇ ਦੀ ਫਸਲ ਨੂੰ ਸੰਭਾਲਣ ਲਈ ਵਿਆਪਕ ਪ੍ਰਬੰਧ ਯਕੀਨੀ ਬਣਾਉਣ । ਓਧਰ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਰਾਜ ਵਿਚ ਹੜ੍ਹਾਂ ਦੀ ਸਥਿਤੀ ਨੂੰ ਦੇਖਦੇ ਹੋਏ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਪੈਂਦੀਆਂ ਮੰਡੀਆਂ ਵਿਚ ਲੋੜੀਂਦੀਆਂ ਡਾਕਟਰੀ ਸਹੂਲਤਾਂ ਯਕੀਨੀ ਬਣਾਉਣ ਵੱਲ ਧਿਆਨ ਦਿੱਤਾ ਜਾਣਾ ਚਾਹੀਦਾ ਏ ।

---